ਦਫਤਰ: ਕਾਰਜਕਾਰੀ ਇੰਜੀਨੀਅਰ,ਉਸਾਰੀ ਮੰਡਲ, ਲੋਕ ਨਿਰਮਾਣ ਵਿਭਾਗ,
(ਭਵਨ ਤੇ ਮਾਰਗ ਸ਼ਾਖਾ), ਨਾਭਾ।

ਪਤਾ: ਹੀਰਾ ਇਨਕਲੇਵ, ਪ੍ਰਬੰਧਕੀ ਕੰਪਲੈਕਸ, ਬਲਾਕ-ਸੀ, ਨਾਭਾ।

ਫੋਨ ਨੰਬਰ: 01765-220135 ਈ-ਮੇਲ: xennabha@gmail.com

ਮੀਮੋ ਨੰਬਰ 1083 ਮਿਤੀ 31/05/2021

**ਰਜਿਸਟਰਡ**

ਵੱਲ

Principal Subash Chand Bhardwaj,

Dayanand Public School,

Pandusar Street, Nabha

Affiliated to CBSE, Delhi (C.No. 04625/1630080)

ਵਿਸ਼ਾ:- Renewal of Structure Safety Certificate (Dayanand Public School, Nabha)

ਹਵਾਲਾ:- ਆਪ ਦਾ ਪੱਤਰ ਨੰ. DPS/NBA/2832 ਮਿਤੀ 27.04.2021 ਇਸ ਦਫਤਰ ਵੱਲ।

ਉਪਰੋਕਤ ਵਿਸ਼ੇ ਸਬੰਧੀ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ. 1, ਭ ਤੇ ਮ ਸ਼ਾਖਾ, ਨਾਭਾ ਵਲੋਂ ਸਕੂਲ ਦੀ ਬਿਲਡਿੰਗ ਦਾ ਨਿਰੀਖਣ ਕੀਤਾ ਗਿਆ ਅਤੇ ਉਹਨਾਂ ਦੀ ਰਿਪੋਰਟ ਅਨੁਸਾਰ ਇਹ ਬਿਲਡਿੰਗ ਦੇਖਣ ਵਿੱਚ ਸੇਫ ਜਾਪਦੀ ਹੈ। ਸਰਕਾਰ ਦੀ ਨਵੀਂ ਪਾਲਿਸੀ ਅਨੁਸਾਰ ਸਬੰਧਤ ਸਕੂਲ ਨੂੰ ਦੋ ਸਾਲਾਂ ਵਾਸਤੇ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕੀਤੇ ਜਾਣ ਦੇ ਸਨਮੁਖ ਸਕੂਲ ਵਲੋ ਐਨ.ਓ.ਸੀ ਜਾਰੀ ਕਰਨ ਸਬੰਧੀ ਫੀਸ **ਬਾਬਤ ਰਕਮ 30,000/- ਰੁਪਏ ਐਕਸੀਸ ਬੈਂਕ ਦਾ ਡਿਮਾਂਡ ਡਰਾਫਟ ਨੰਬਰ 051349 ਮਿਤੀ 13.05.2021 ਰਾਹੀਂ** ਜਮਾਂ ਕਰਵਾਈ ਗਈ ਹੈ। ਇਸ ਲਈ ਉਪਰੋਕਤ ਦੇ ਸਨਮੁੱਖ ਆਪ ਨੂੰ ਨਾਲ ਨੱਥੀ ਨਕਸ਼ੇ ਮੁਤਾਬਿਕ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ **ਮਿਤੀ 31.03.2023 ਤੱਕ** ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ:-

1. ਬਿਲਡਿੰਗ ਦੇ ਆਲੇ-ਦੁਆਲੇ ਅਤੇ ਛੱਤਾਂ ਤੇ ਪਾਣੀ ਖੜਾ ਨਾ ਹੋਣ ਦਿੱਤਾ ਜਾਵੇ।
2. ਜੇਕਰ ਇਮਾਰਤ ਵਿੱਚ ਕਿਸੇ ਕਿਸਮ ਦੀ ਤਰੇੜ ਵਗੈਰਾ ਜਾਂ ਫਿਰ ਸਲਾਬ ਆਦਿ ਆ ਜਾਂਦੀ ਹੈ ਤਾਂ ਉਸ ਜਗ੍ਹਾਂ ਨੂੰ ਤੁਰੰਤ ਖਾਲੀ ਕੀਤਾ ਜਾਵੇ ਅਤੇ ਉਸ ਜਗ੍ਹਾਂ ਦੀ ਰਿਪੇਅਰ ਤੁਰੰਤ ਕਿਸੇ ਮੰਨਜੂਰਸ਼ੁਦਾ ਸਟਰਕਚਰਲ ਇੰਜੀਨੀਅਰ ਦੀ ਨਿਗਰਾਨੀ ਹੇਠ ਕਰਵਾਈ ਜਾਵੇ ਅਤੇ ਉਸ ਥਾਂ ਦਾ ਮੁੜ ਤੋਂ ਸੇਫਟੀ ਸ਼ਰਟੀਫਿਕੇਟ ਇਸ ਮਹਿਕਮੇ ਤੋਂ ਜਾਰੀ ਕਰਵਾਇਆ ਜਾਵੇ।
3. ਨਾਲ ਨੱਥੀ ਨਕਸ਼ੇ ਤੋਂ ਇਲਾਵਾ ਜੇਕਰ ਆਪ ਵਲੋਂ ਕੋਈ ਵਾਧੂ ਉਸਾਰੀ ਕਰਨੀ ਹੋਵੇ ਤਾਂ ਉਸਦੀ ਮੰਜੂਰੀ ਇਸ ਮਹਿਕਮੇ ਪਾਸੋਂ ਲਈ ਜਾਵੇ ਅਤੇ ਵਾਧੂ ਉਸਾਰੀ ਦਾ ਕੰਮ ਕਿਸੇ ਮੰਨਜੂਰਸ਼ੁਦਾ ਸਟਰਕਚਰਲ ਇੰਜੀਨੀਅਰ ਦੀ ਨਿਗਰਾਨੀ ਹੇਠ ਕਰਵਾਇਆ ਜਾਵੇ।
4. ਜੇਕਰ ਆਪ ਵੱਲੋਂ ਆਉਣ ਵਾਲੇ ਸਮੇਂ/ ਅਗਲੇ ਦੋ ਸਾਲ ਦੌਰਾਨ ਸਕੂਲ ਬਿਲਡਿੰਗ ਵਿੱਚ ਕੋਈ ਵਾਧਾ ਘਾਟਾ ਕੀਤਾ ਜਾਂਦਾ ਹੈ ਅਤੇ ਇਸ ਮਹਿਕਮੇ ਨੂੰ ਇਤਲਾਹ ਨਹੀ ਦਿੱਤੀ ਜਾਂਦੀ ਤਾਂ ਉਕਤ ਜਾਰੀ ਹੋਇਆ ਸਕੂਲ ਸੇਫਟੀ ਸ਼ਰਟੀਫਿਕੇਟ ਬਿਨਾਂ ਕਿਸੇ ਕਾਰਨ ਦੱਸੋਂ ਨੋਟਿਸ ਦੇ ਇਸ ਮਹਿਕਮੇ ਵੱਲੋਂ ਰੱਦ ਸਮਝਿਆ ਜਾਵੇਗਾ ਜਿਸ ਦੀ ਨਿਰੋਲ ਜ਼ਿਮੇਵਾਰੀ ਸਕੂਲ ਪ੍ਰਸ਼ਾਸਨ ਦੀ ਹੋਵੇਗੀ।
5. ਜੇਕਰ ਆਉਣ ਵਾਲੇ ਸਮੇਂ ਦੌਰਾਨ ਸਰਕਾਰ ਦੀਆਂ ਕੋਈ ਹਦਾਇਤਾਂ ਨਵੀਆਂ ਫੀਸਾਂ ਸਬੰਧੀ/ ਆਉਂਦੀਆਂ ਹਨ ਤਾਂ ਸਕੂਲ ਮਨੇਜ਼ਮੈਂਟ ਉਹਨਾਂ ਹਦਾਇਤਾਂ ਦੀ ਪਾਲਣਾ ਕਰਨ ਦਾ ਪਾਬੰਦ ਹੋਵੇਗਾ।
6. ਇੱਥੇ ਆਪ ਨੂੰ ਇਹ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਸਕੂਲ ਪ੍ਰਸਾਸ਼ਨ ਬਿਲਡਿੰਗ ਸਬੰਧੀ ਫਾਈਰ ਸੇਫਟੀ ਸਰਟੀਫਿਕੇਟ ਸਬੰਧਤ ਮਹਿਕਮੇ ਤੋਂ ਹਰ ਸਾਲ ਆਪਣੇ ਖਰਚੇ ਤੇ ਲੈਣ ਦਾ ਪਾਬੰਦ ਹੋਵੇਗਾ। ਜੇਕਰ ਸਕੂਲ ਬਿਲਡਿੰਗ ਵਿੱਚ ਕਿਸੇ ਕਿਸਮ ਦੀ ਅਣਸੁਖਾਵੀਂ ਘਟਨਾ ਵਾਪਰ ਦੀ ਹੈ ਤਾਂ ਇਸ ਮਹਿਕਮੇ ਦੀ ਕੋਈ ਜ਼ਿਮੇਵਾਰੀ ਨਹੀਂ ਹੋਵੇਗੀ।

ਦਫਤਰ: ਕਾਰਜਕਾਰੀ ਇੰਜੀਨੀਅਰ,ਉਸਾਰੀ ਮੰਡਲ, ਲੋਕ ਨਿਰਮਾਣ ਵਿਭਾਗ,
(ਭਵਨ ਤੇ ਮਾਰਗ ਸ਼ਾਖਾ), ਨਾਭਾ।

ਪਤਾ: ਹੀਰਾ ਇਨਕਲੇਵ, ਪ੍ਰਬੰਧਕੀ ਕੰਪਲੈਕਸ, ਬਲਾਕ-ਸੀ, ਨਾਭਾ।
ਫੋਨ ਨੰਬਰ: 01765-220135 ਈ-ਮੇਲ: xennabha@gmail.com

ਮੀਮੋ ਨੰਬਰ........................ ਮਿਤੀ............

7. ਭਵਿੱਖ ਵਿਚ ਆਡਿਟ ਦੌਰਾਨ ਜਾਂ ਫੇਰ ਜੇਕਰ ਇਸ ਮਹਿਕਮੇ ਵਲੋ ਆਪ ਦੇ ਸਕੂਲ/ਸੰਸਥਾਂ ਵਿਰੁੱਧ ਕੋਈ ਬਕਾਇਆ/ਦੇਣਦਾਰੀ ਨਿਕਲਦੀ ਹੈ ਤਾਂ ਆਪ ਉਹ ਬਕਾਇਆ/ਦੇਣਦਾਰੀ ਇਸ ਦਫਤਰ ਵਿਖੇ ਜਮਾਂ ਕਰਵਾਉਣ ਦੇ ਪਾਬੰਦ ਹੋਵੋਗੇ ਅਤੇ ਇਸ ਸਬੰਧੀ ਕੋਈ ਕਲੇਮ/ਲਿਟੀਗੇਸ਼ਨ ਨਹੀ ਕਰੋਗੇ।

ਨੋਟ:-ਜੇਕਰ ਉਪਰੋਕਤ ਲਿਖੀਆਂ ਹਦਾਇਤਾਂ/ਸ਼ਰਤਾਂ ਦੀ ਸਬੰਧਤ ਸਕੂਲ ਪ੍ਰਸ਼ਾਸਨ ਵੱਲੋ ਉਲੰਘਣਾ ਕੀਤੀ ਜਾਦੀ ਹੈ ਤਾਂ ਮਹਿਕਮੇ ਵੱਲੋ ਜਾਰੀ ਕੀਤਾ ਗਿਆ ਐਨ.ਓ.ਸੀ. ਬਿਨਾਂ ਨੋਟਿਸ ਦਿੱਤੇ ਰੱਦ ਸਮਝਿਆ ਜਾਵੇਗਾ ਜਿਸ ਦੀ ਨਿਰੋਲ ਜਿੰਮੇਵਾਰੀ ਸਕੂਲ ਪ੍ਰਸ਼ਾਸਨ ਦੀ ਹੋਵੇਗੀ।

ਨੱਥੀ:- ਡਰਾਇੰਗਾਂ ਅਤੇ ਪ੍ਰੋਫਾਰਮੇ ਦੀ ਕਾਪੀ।

ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ, ਭਤੇਮ ਸਾਖਾ,
ਨਾਭਾ।

ਪਿੱਠ ਅੰਕਣ ਨੰ: ਮਿਤੀ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ. 1,ਭ ਤੇ ਮ ਸ਼ਾਖਾ,ਨਾਭਾ ਨੂੰ ਉਨ੍ਹਾਂ ਦੇ ਦਫਤਰ ਦਾ ਪੱਤਰ ਨੰ. 76 ਮਿਤੀ 18.05.2021 ਦੇ ਸਬੰਧ ਵਿਚ ਡਿਮਾਂਡ ਡਰਾਫਟ ਨੰ. 051349 ਮਿਤੀ 13.05.2021 ਬਾਬਤ ਰਕਮ 30,000/- ਐਕਸੀਸ ਬੈਂਕ ਦਾ ਭੇਜ ਕੇ ਲਿਖਿਆ ਜਾਂਦਾ ਹੈ ਕਿ ਡਿਮਾਂਡ ਡਰਾਫਟ ਸਰਕਾਰ ਦੇ ਰੈਵਿਨਿਊ ਅਕਾਂਉਟ (8782) ਵਿਚ ਜਮਾਂ ਕਰਵਾ ਕੇ ਰਿਪੋਰਟ ਇਸ ਦਫਤਰ ਨੂੰ ਕੀਤੀ ਜਾਵੇ।

ਨੱਥੀ:- ਡਿਮਾਂਡ ਡਰਾਫਟ।

ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ, ਭਤੇਮ ਸਾਖਾ,
ਨਾਭਾ।